**ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ,ਪੰਜਾਬ**

**ਬਲਾਕ-ਈ, ਛੇਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਐਸ.ਏ.ਐਸ ਨਗਰ**

**ਫੋਨ ਨੰਬਰ: 0172-2212221**

---

**ਵੱਲ**

**ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ.)**
**ਸਮੂਹ ਡਾਇਟ ਪ੍ਰਿੰਸੀਪਲ,**
**ਸਮੂਹ ਬੀ.ਪੀ.ਈ.ਓ. ਸਾਹਿਬਾਨ,**
**ਸਮੂਹ ਸਕੂਲ ਮੁੱਖੀ**
**ਪੰਜਾਬ।**

**ਮੀਮੋ ਨੰ:-** SCERT/PPPP/PRJ./2021/7/614 **ਮਿਤੀ:** 25.02.2021

**ਵਿਸ਼ਾ:-ਪ੍ਰਾਇਮਰੀ ਸਕੂਲਾਂ ਅੰਦਰ 2 ਮਾਰਚ 2021 ਨੂੰ ਮਾਪੇ -ਅਧਿਆਪਕ ਮਿਲਣੀ ਕਰਵਾਉਣ ਸਬੰਧੀ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਆਪ ਜੀ ਦੀ ਜਾਣਕਾਰੀ ਹਿੱਤ ਦੱਸਿਆ ਜਾਂਦਾ ਹੈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪਹਿਲੀ ਜਮਾਤ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਪੜ੍ਹਦੇ ਵਿਦਿਆਰਥੀਆਂ ਦਾ ਫਰਵਰੀ ਮਹੀਨੇ ਵਿੱਚ ਵਿਸ਼ਾਵਾਰ ਮੁਲਾਂਕਣ ਕੀਤਾ ਗਿਆ ਹੈ। ਇਸ ਮੁਲਾਂਕਣ ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਸਬੰਧੀ ਮਾਪਿਆਂ ਨੂੰ ਜਾਣੂੰ ਕਰਵਾਉਣ ਅਤੇ ਸਲਾਨਾ ਪ੍ਰੀਖਿਆਵਾਂ ਦੀ ਮਿਸ਼ਨ ਸ਼ਤ-ਪ੍ਰਤੀਸ਼ਤ ਤਹਿਤ ਤਿਆਰੀ ਕਰਵਾਉਣ ਦੇ ਉਦੇਸ਼ ਨਾਲ ਮਿਤੀ 02.03.2021 ਨੂੰ ਮਾਪੇ-ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ।

3.0 ਮਾਪੇ-ਅਧਿਆਪਕ ਮਿਲਣੀ ਸਬੰਧੀ ਇਸ ਗੱਲ ਦਾ ਜ਼ਰੂਰ ਧਿਆਨ ਰੱਖਿਆ ਜਾਵੇ ਕਿ ਇਹ ਸਕਾਰਾਤਮਕ ਪ੍ਰਭਾਵ ਵਾਲੀ ਹੋਵੇ ਅਤੇ ਇਸ ਮਿਲਣੀ ਦੌਰਾਨ ਮਾਪਿਆਂ ਨਾਲ ਵਿਦਿਆਰਥੀਆਂ ਦੇ ਚੰਗੇ ਪੱਖਾਂ ਦੀ ਜਾਣਕਾਰੀ ਜ਼ਰੂਰ ਸਾਂਝੀ ਕੀਤੀ ਜਾਵੇ। ਅਧਿਆਪਕਾਂ ਦੀ ਅਗਵਾਈ ਲਈ ਇਸ ਮਿਲਣੀ ਲਈ ਹੇਠ ਲਿਖੇ ਅਨੁਸਾਰ ਮੁੱਖ ਏਜੰਡੇ ਰੱਖੇ ਗਏ ਹਨ:-

3.1 COVID-19 ਸਬੰਧੀ ਜਾਰੀ ਹੋਈਆ ਹਦਾਇਤਾਂ ਅਤੇ ਬੱਚਿਆਂ ਦੀ ਸਿਹਤ ਸੰਭਾਲ ਬਾਰੇ ਗੱਲਬਾਤ ਕਰਨਾ।

3.2 ਫਰਵਰੀ ਮੁਲਾਂਕਣ ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਨੂੰ ਮਾਪਿਆਂ ਨਾਲ ਸਾਂਝਿਆਂ ਕਰਨਾ।

3.3 ਮਾਰਚ ਦੇ ਸਲਾਨਾ ਇਮਤਿਹਾਨਾਂ ਦੀ ਡੇਟਸ਼ੀਟ ਨੋਟ ਕਰਵਾਉਣਾ।

3.4 ਮਿਤੀ 26 ਤੋਂ 31 ਮਾਰਚ 2021 ਤੱਕ ਕਰਵਾਏ ਜਾਣ ਵਾਲੇ 'ਬਾਲ-ਪ੍ਰਤਿਭਾ ਮੇਲਾ' ਬਾਰੇ ਜਾਣਕਾਰੀ ਦੇਣਾ।

3.5 ਸੈਸ਼ਨ 2021-22 ਲਈ ਸਕੂਲਾਂ ਵਿੱਚ ਦਾਖ਼ਲਾ ਸ਼ੁਰੂ ਹੋਣ ਸਬੰਧੀ ਮਾਪਿਆਂ ਨੂੰ ਦੱਸਣਾ ਤਾਂ ਜੋ ਆਲੇ-ਦੁਆਲੇ ਵਿੱਚ ਇਸ ਸਬੰਧੀ ਪ੍ਰਚਾਰ ਹੋ ਸਕੇ।

3.6 ਬੱਚਿਆਂ ਦੀ ਬੇਹਤਰ ਪੜ੍ਹਾਈ ਲਈ ਵਿਭਾਗ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਅਤੇ ਸਕੂਲ ਵਿੱਚ ਉਪਲੱਬਧ ਸਹੂਲਤਾਂ (ਪ੍ਰੋਜੈਕਟਰ, ਐੱਲ.ਈ.ਡੀ., ਮੁਫ਼ਤ ਕਿਤਾਬਾਂ, ਸਪਲੀਮੈਂਟਰੀ ਕਿਤਾਬਾਂ ਆਦਿ) ਬਾਰੇ ਮਾਪਿਆਂ ਅਤੇ ਕਮਿਊਨਟੀ ਨੂੰ ਜਾਣੂੰ ਕਰਵਾਉਣਾ।

3.7 ਮਾਪੇ-ਅਧਿਆਪਕ ਮਿਲਣੀ ਰਾਹੀਂ ਸਕੂਲ ਦੀਆਂ ਚੰਗੀਆਂ ਗਤੀਵਿਧੀਆਂ ਨੂੰ ਪ੍ਰੋਜੈਕਟਰ ਰਾਹੀਂ ਪੇਸ਼ ਕਰਨਾ।

3.8 ਮਾਪਿਆਂ ਨੂੰ ਸਕੂਲ ਵਿਜ਼ਿਟ ਕਰਵਾਉਣਾ ਅਤੇ ਸਕੂਲ ਵਿੱਚ ਕੀਤੇ ਗਏ ਨਿਵੇਕਲੇ ਕੰਮਾਂ ਦੀ ਜਾਣਕਾਰੀ ਦੇਣਾ।

3.9 ਬੱਚਿਆਂ ਦੀ ਸੁੰਦਰ ਲਿਖਾਈ ਦੇ ਨਮੂਨੇ ਮਾਪਿਆਂ ਨੂੰ ਦਿਖਾਉਣਾ।

4.0 **COVID-19** ਸਬੰਧੀ ਜਾਰੀ ਸਰਕਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਹਰੇਕ ਪ੍ਰਾਇਮਰੀ ਸਕੂਲ ਅੰਦਰ ਇਸ ਮਾਪੇ-ਅਧਿਆਪਕ ਮਿਲਣੀ ਦੌਰਾਨ ਪ੍ਰੀ-ਪ੍ਰਾਇਮਰੀ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਦੇ ਸਮੂਹ ਵਿਦਿਆਰਥੀਆਂ, ਉਹਨਾਂ ਦੇ ਮਾਪਿਆਂ, ਪੰਚਾਇਤ ਮੈਂਬਰਾਂ, ਆਂਗਨਵਾੜੀ ਵਰਕਰਾਂ, ਯੂਥ ਕਲੱਬ ਦੇ ਮੈਂਬਰਾਂ, ਐੱਸ.ਐੱਮ.ਸੀ. ਮੈਂਬਰਾਂ ਅਤੇ ਹੋਰ ਪਤਵੰਤੇ ਲੋਕਾਂ ਤੱਕ ਪਹੁੰਚ ਕਰਨ ਦਾ ਟੀਚਾ ਰੱਖਿਆ ਗਿਆ ਹੈ।

5.0 ਇਸ ਮਾਪੇ-ਅਧਿਆਪਕ ਮਿਲਣੀ ਲਈ ਵਿਦਿਆਰਥੀਆਂ ਦੇ ਮਾਪਿਆਂ ਅਤੇ ਉਪਰੋਕਤ ਅਨੁਸਾਰ ਪਤਵੰਤੇ ਸੱਜਣਾਂ ਨੂੰ ਸੱਦਾ ਪੱਤਰ ਭੇਜ ਕੇ ਇਸ ਮਿਲਣੀ ਵਿੱਚ ਆਉਣ ਲਈ ਬੇਨਤੀ ਕੀਤੀ ਜਾਵੇ।

6.0 ਇਸ ਮਿਲਣੀ ਨੂੰ ਸਫ਼ਲ ਬਣਾਉਣ ਲਈ ਸਮੂਹ ਅਧਿਕਾਰੀ, ਸਕੂਲ ਮੁੱਖੀ, ਅਧਿਆਪਕ ਅਤੇ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਮੈਂਬਰ ਰੋਜ਼ਾਨਾ ਅਨਾਊਂਸਮੈਂਟ ਕਰਵਾਕੇ, ਪੋਸਟਰ ਜਾਰੀ ਕਰਕੇ, ਆਡੀਓ/ਲਿਖਤੀ ਮੈਸੇਜ ਕਰਕੇ ਮਾਪਿਆਂ/ਬੱਚਿਆਂ ਅਤੇ ਹੋਰ ਕਮਿਊਨਟੀ ਮੈਂਬਰਾਂ ਨੂੰ ਅਗੇਤ ਵਿੱਚ ਜਾਣੂੰ ਕਰਵਾਉਣਗੇ। 25/2/21

7.0 ਮਾਪੇ-ਅਧਿਆਪਕ ਮਿਲਣੀ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੇ ਮਾਪਿਆਂ ਅਤੇ ਹੋਰ ਕਮਿਊਨਟੀ ਮੈਂਬਰਾਂ ਨੂੰ ਪੂਰਾ ਸਤਿਕਾਰ ਦਿੱਤਾ ਜਾਵੇ ਅਤੇ ਅਧਿਆਪਕ ਸਾਹਿਬਾਨ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਣ ਕੇ ਇਸ ਮਿਲਣੀ ਵਿੱਚ ਭਾਗ ਲੈਣ ਵਾਲੇ ਲੋਕਾਂ ਨੂੰ ਮਿਲਣੀ ਵਾਲੇ ਦਿਨ ਅਧਿਆਪਕ ਸਾਹਿਬਾਨ ਨਾਲ ਗੱਲਬਾਤ ਕਰਨ ਲਈ ਬਹੁਤ ਜ਼ਿਆਦਾ ਉਡੀਕ ਨਾ ਕਰਨੀ ਪਵੇ।

8.0 ਜਮਾਤ ਇੰਚਾਰਜ਼ ਆਪਣੇ ਹਰ ਵਿਦਿਆਰਥੀ ਦੀ ਕੋਈ ਨਾ ਕੋਈ ਗਤੀਵਿਧੀ ਇਸ ਮੀਟਿੰਗ ਲਈ ਤਿਆਰ ਕਰਨ ਅਤੇ ਮੀਟਿੰਗ ਵਾਲੇ ਦਿਨ ਮਾਪਿਆਂ ਦੀ ਹਾਜ਼ਰੀ ਵਿੱਚ ਵਿਦਿਆਰਥੀਆਂ ਦੁਆਰਾ ਅਜਿਹੀਆਂ ਗਤੀਵਿਧੀਆਂ ਨੂੰ ਪ੍ਰਦਰਸ਼ਿਤ ਕੀਤਾ ਜਾਵੇ।

9.0 ਮਾਪੇ-ਅਧਿਆਪਕ ਮਿਲਣੀ ਦੀਆਂ ਵੀਡੀਓਜ਼/ਬੱਚਿਆਂ ਦੀ ਵੀਡੀਓਜ਼ ਨੂੰ ਫੇਸਬੁੱਕ, ਵਟਸਐੱਪ ਆਦਿ 'ਤੇ ਸ਼ੇਅਰ ਕਰਕੇ ਆਮ ਲੋਕਾਂ ਤੱਰ ਪਹੁੰਚਦਾ ਕੀਤਾ ਜਾਵੇ।

10.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ), ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ), ਡਾਇਟ ਪ੍ਰਿੰਸੀਪਲ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਮਿਤੀ 1 ਮਾਰਚ ਤੱਕ ਆਪਣੇ ਜ਼ਿਲ੍ਹੇ ਦੇ ਸਕੂਲ ਮੁੱਖੀ, ਸੀ.ਐੱਚ.ਟੀ. ਨਾਲ ਇਸ ਮਾਪੇ ਅਧਿਆਪਕ ਮਿਲਣੀ ਦੇ ਸਬੰਧ ਵਿੱਚ ਮੀਟਿੰਗਾਂ ਕਰਕੇ ਇਸ ਮਿਲਣੀ ਨੂੰ ਸਫ਼ਲ ਬਣਾਉਣ ਲਈ ਪ੍ਰੇਰਿਤ ਕਰਨਗੇ।

11.0 ਇਸ ਤੋਂ ਇਲਾਵਾ ਸਮੂਹ ਅਧਿਕਾਰੀ ਅਤੇ ਸਕੂਲ ਮੁੱਖੀ ਇਸ ਮਾਪੇ-ਅਧਿਆਪਕ ਮਿਲਣੀ ਵਿੱਚ ਰੈਂਡਮ ਪੱਧਰ 'ਤੇ ਭਾਗ ਲੈਂਦੇ ਹੋਏ ਇਹਨਾਂ ਮਿਲਣੀਆਂ ਨੂੰ ਏਜੰਡੇ ਅਨੁਸਾਰ, ਸਾਰੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੁਆਰਾ ਕੀਤੇ ਜਾਣ ਨੂੰ ਯਕੀਨੀ ਬਣਾਉਣਗੇ।

12.0 ਸਮੂਹ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਮੈਂਬਰ ਇਸ ਮਾਪੇ-ਅਧਿਆਪਕ ਮਿਲਣੀ ਵਿੱਚ ਆਪ ਵੀ ਭਾਗ ਲੈਂਦੇ ਹੋਏ, ਅਧਿਆਪਕਾਂ ਦਾ ਸਹਿਯੋਗ ਕਰਨਗੇ ਅਤੇ ਇਹਨਾਂ ਮਿਲਣੀਆਂ ਸਬੰਧੀ ਇਕੱਤਰ ਡਾਟੇ ਨੂੰ ਸਿੱਖਿਆ ਦਰਪਣ ਐੱਪ ਵਿੱਚ ਨਿਰਧਾਰਿਤ ਪ੍ਰੋਫਾਰਮੇ ਵਿੱਚ ਭਰਨ ਦਾ ਕੰਮ ਕਰਨਗੇ।

25/2/2

**ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ।**

**ਪਿੱਠ ਅੰਕਣ ਨੰ:** **ਮਿਤੀ:**

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:**

1. ਪੀ.ਏ. ਟੂ ਮਾਨਯੋਗ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ. ਟੂ ਮਾਨਯੋਗ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡੀ.ਪੀ.ਆਈ. (ਐ.ਸਿੱ), ਪੰਜਾਬ।

**ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ।**